ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

ਜ਼ਿਲ੍ਹਾ ਰੈੱਡ ਕਰਾਸ ਵੱਲੋਂ ਕਰਵਾਈ ਜਾਂਦੀ ਮੁੱਢਲੀ ਸਹਾਇਤਾ ਬੇਰੋਜ਼ਗਾਰਾਂ ਨੌਜ਼ਵਾਨਾਂ ਲਈ ਹੋ ਰਹੀ ਹੈ ਲਾਹੇਵੰਦ ਸਾਬਿਤ : ਈਸ਼ਾ ਕਾਲੀਆ

ਨੌਜਵਾਨਾਂ ਨੂੰ ਸਵੈ-ਰੁਜ਼ਗਾਰ ਪੈਦਾ ਕਰਨ ਲਈ ਕਰਵਾਈ ਜਾ ਰਹੀ ਹੈ ਟ੍ਰੇਨਿੰਗ

ਮਾਹਰ ਤੇ ਤਜ਼ਰਬੇਕਾਰਾਂ ਵੱਲੋਂ 8 ਦਿਨ ਦਿੱਤੀ ਜਾਂਦੀ ਹੈ ਟ੍ਰੇਨਿੰਗ

31 ਅਕਤੂਬਰ ਤੱਕ 758 ਨੌਜਵਾਨਾਂ ਨੇ ਪ੍ਰਾਪਤ ਕੀਤੀ ਟ੍ਰੇਨਿੰਗ

ਫਾਜ਼ਿਲਕਾ 1 ਨਵੰਬਰ

ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਨੌਜਵਾਨਾਂ ਨੂੰ ਆਪਣੇ ਪੈਰਾ ਸਿਰ ਖੜ੍ਹੇ ਹੋਣ ਲਈ ਮੁੱਢਲੀ ਸਹਾਇਤਾ ਦੇ ਰੂਪ ਵਿੱਚ ਦਿੱਤੀ ਜਾ ਰਹੀ ਟ੍ਰੇਨਿੰਗ ਬੇਰੁਜ਼ਗਾਰੀ ਦੂਰ ਕਰਨ ਲਈ ਕਾਫੀ ਸਹਾਈ ਸਿੱਧ ਹੋ ਰਹੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਵਿੱਚ ਨੌਜਵਾਨਾਂ ਨੂੰ ਸਿਹਤ ਸਬੰਧੀ ਮੁੱਢਲੀ ਟ੍ਰੇਨਿੰਗ ਦਿੱਤੀ ਜਾਂਦੀ ਹੈ। ਇਹ ਟ੍ਰੇਨਿੰਗ ਪ੍ਰਾਪਤ ਕਰਕੇ ਨੌਜਵਾਨ ਰੁਜ਼ਗਾਰ ਪਾਉਣ ਦੇ ਕਾਬਲ ਬਣਦੇ ਹਨ। ਉਨ੍ਹਾਂ ਕਿਹਾ ਕਿ 1 ਅਪ੍ਰੈਲ ਤੋਂ 31 ਅਕਤੂਬਰ 2017 ਤੱਕ 758 ਨੌਜਵਾਨਾਂ ਨੇ ਇਸ ਟ੍ਰੇਨਿੰਗ ਦਾ ਲਾਹਾ ਲਿਆ ਹੈ। ਉਨ੍ਹਾਂ ਦੱਸਿਆ ਕਿ ਇਹ ਟ੍ਰੇਨਿੰਗ ਦਫਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵਿਖੇ ਕਰਵਾਈ ਜਾਂਦੀ ਹੈ ਅਤੇ ਨੌਜਵਾਨਾਂ ਨੂੰ ਬਕਾਇਦਾ ਇਸ ਟ੍ਰੇਨਿੰਗ ਸਬੰਧੀ ਸਰਟੀਫਿਕੇਟ ਵੀ ਜਾਰੀ ਕੀਤਾ ਜਾਂਦਾ ਹੈ।

ਸਕੱਤਰ ਜ਼ਿਲ੍ਹਾ ਰੈਡ ਕਰਾਸ ਸੋਸਾਇਟੀ ਸ੍ਰੀ ਸੁਭਾਸ਼ ਅਰੋੜਾ ਨੇ ਦੱਸਿਆ ਕਿ

ਟ੍ਰੇਨਿੰਗ ਪ੍ਰਾਪਤ ਕਰਕੇ ਨੌਜਵਾਨ ਪੰਜਾਬ ਰੋਡਵੇਜ, ਪੀ.ਆਰ.ਟੀ.ਸੀ., ਪਨਬਸ ਆਦਿ ਬੱਸਾਂ ਵਿੱਚ ਕੰਡਕਟਰ ਲੱਗਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਟ੍ਰੇਨਿੰਗ ਵਿੱਚ ਨੌਜਵਾਨਾਂ ਨੂੰ ਕਿਸੇ ਵੀ ਦੁਰਘਟਨਾ ਵਾਲੀ ਸਥਿਤੀ ਨਾਲ ਨਜਿੱਠਣ ਲਈ ਮੁੱਢਲੀ ਸਹਾਇਤਾ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਟ੍ਰੇਨਿੰਗ ਲਈ ਇੱਕ ਬੱਚੇ ਤੋਂ ਨਾ-ਮਾਤਰ ਫੀਸ ਲਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਤਜ਼ਰਬੇਕਾਰ ਲੈਕਚਰਾਰ ਸ੍ਰੀ ਰਵੀ ਕਾਂਤ ਡੋਡਾ ਅਤੇ ਸ੍ਰੀ ਤਿਲਕ ਰਾਜ ਚੁੱਘ ਵੱਲੋਂ ਟ੍ਰੇਨਿੰਗ ਦਿੱਤੀ ਜਾਂਦੀ ਹੈ।

ਸਕੱਤਰ ਸ੍ਰੀ ਸੁਭਾਸ਼ ਅਰੋੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਟ੍ਰੇਨਿੰਗ ਦਾ ਮੁੱਖ ਮਕਸਦ ਕਿਸੇ ਦੁਰਘਟਨਾ ਵਿੱਚ ਕਿਸੇ ਫੱਟੜ ਨੂੰ ਹਸਪਤਾਲ ਪਹੁੰਚਾਉਣ ਤੋਂ ਪਹਿਲਾਂ ਮੁੱਢਲੀ ਸਹਾਇਤਾ ਦੇਣਾ ਹੈ, ਜਿਸ ਨਾਲ ਕਿਸੇ ਜਖਮੀ ਦੀ ਜਾਨ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਟ੍ਰੇਨਿੰਗ ਨੂੰ ਪ੍ਰਾਪਤ ਕਰਨ ਵਾਲੇ ਨੌਜਵਾਨ ਆਪਣੀ ਰੋਜ਼ੀ ਕਮਾਉਣ ਦੇ ਕਾਬਲ ਬਣ ਜਾਂਦੇ ਹਨ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਬੇਰੋਜ਼ਗਾਰ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਟ੍ਰੇਨਿੰਗ ਦਾ ਲਾਹਾ ਲੈ ਕੇ ਵੱਧ ਤੋਂ ਵੱਧ ਰੁਜ਼ਗਾਰ ਪ੍ਰਾਪਤ ਕਰਨ ਦੇ ਨਾਲ-ਨਾਲ ਕਿਸੇ ਲੋੜਵੰਦ ਦੀ ਸਹਾਇਤਾ ਕਰਨ ਲਈ ਸਹਾਈ ਸਿੱਧ ਹੋਣ।